## ਪੰਜਾਬ ਵਿਧਾਨ ਸਭਾ ਸਕੱਤਰੇਤ

**ਸ਼ੁੱਕਰਵਾਰ, ਮਿਤੀ 24 ਜੂਨ, 2022 ਨੂੰ ਹੋਣ ਵਾਲੀ ਪੰਜਾਬ ਵਿਧਾਨ ਸਭਾ ਦੀ ਬੈਠਕ ਵਿਚ ਪੁੱਛੇ ਜਾਣ ਵਾਲੇ ਨਿਸ਼ਾਨ ਵਾਲੇ ਪ੍ਰਸ਼ਨ।**

**ਮਲੌਦ (ਹਲਕਾ ਪਾਇਲ) ਵਿਖੇ ITI ਚਾਲੂ ਕਰਨਾ**

*7. **ਸਰਦਾਰ ਮਨਵਿੰਦਰ ਸਿੰਘ ਗਿਆਸਪੁਰਾ, ਐਮ.ਐਲ.ਏ.**:- ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਮਲੌਦ (ਹਲਕਾ ਪਾਇਲ) ITI ਕਾਲਜ ਨੂੰ ਬਣਾਉਣ ਲਈ ਸਰਕਾਰੀ ਖਜ਼ਾਨੇ ਵਿੱਚੋਂ ਲੋਕਾਂ ਦਾ ਕਰੋੜਾਂ ਰੁਪਇਆ ਲੱਗਿਆ ਹੈ, ਨੂੰ ਅਜੇ ਤੱਕ ਚਾਲੂ ਨਹੀਂ ਕੀਤਾ ਗਿਆ; ਜੇਕਰ ਅਜਿਹਾਂ ਹੋਵੇ ਤਾਂ ਵਿਦਿਆਰਥੀਆਂ ਦੇ ਭਵਿੱਖ ਨੂੰ ਦੇਖਦੇ ਹੋਏ ਇਸਨੂੰ ਕਦੋਂ ਤੱਕ ਚਾਲੂ ਕਰਵਾਕੇ ਸਟਾਫ ਮੁਹੱਈਆ ਕਰਵਾ ਦਿੱਤਾ ਜਾਵੇਗਾ?

**ਰਾਜ ਦੀਆਂ ਪ੍ਰਾਈਵੇਟ ਅਤੇ ਸਹਿਕਾਰੀ ਸ਼ੂਗਰ ਮਿੱਲਾਂ ਦੁਆਰਾ ਗੰਨਾਂ ਉਤਪਾਦਕਾਂ ਦੀ ਪੈਂਡਿੰਗ ਰਕਮ ਜਾਰੀ ਕਰਨਾ**

*37 1. **ਸਰਦਾਰ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਐਮ.ਐਲ.ਏ.)**
2. **ਸਰਦਾਰ ਪ੍ਰਤਾਪ ਸਿੰਘ ਬਾਜਵਾ, ਐਮ.ਐਲ.ਏ)**
3. **ਸ਼੍ਰੀ ਵਿਕਰਮਜੀਤ ਸਿੰਘ ਚੌਧਰੀ, ਐਮ.ਐਲ.ਏ)**:- ਕੀ ਸਹਿਕਾਰਤਾ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਰਾਜ ਵਿੱਚ ਪ੍ਰਾਈਵੇਟ ਅਤੇ ਸਹਿਕਾਰੀ ਸ਼ੂਗਰ ਮਿੱਲਾਂ ਦੁਆਰਾ ਗੰਨਾ ਉਤਪਾਦਕਾਂ ਨੂੰ ਅਦਾਇਗੀ ਲਈ ਵੱਖ-ਵੱਖ ਕੁੱਲ ਕਿੰਨੀ ਰਕਮ ਅਜੇ ਵੀ ਪੈਂਡਿੰਗ ਪਈ ਹੈ ਅਤੇ ਆਖਰੀ ਵਾਰ ਕਦੋਂ ਅਤੇ ਕਿੰਨੀ ਰਾਸ਼ੀ ਜਾਰੀ ਕੀਤੀ ਗਈ ਸੀ, ਉਸ ਦੇ ਵੇਰਵੇ ਕੀ ਹਨ;

ਅ) ਸਰਕਾਰ ਵੱਲੋਂ ਉਕਤ ਅਦਾਇਗੀਆਂ ਨੂੰ ਜਾਰੀ ਕਰਨ/ਕਲੀਅਰ ਕਰਨ ਲਈ ਕਿਹੜੇ-ਕਿਹੜੇ ਕਦਮ ਚੁੱਕੇ ਗਏ ਹਨ ਅਤੇ ਉਕਤ ਅਦਾਇਗੀਆਂ ਕਦੋਂ ਤੱਕ ਕਰ ਦਿੱਤੇ ਜਾਣ ਦੀ ਸੰਭਾਵਨਾ ਹੈ?

**ਹਰਿਆਣਾ ਦੀ ਐਸ.ਸੀ. ਪਰਿਵਾਰ ਦੀ ਲੜਕੀ ਨੂੰ ਪੰਜਾਬ ਵਿੱਚ ਐਸ.ਸੀ. ਦੀਆਂ ਸਹੂਲਤਾਂ ਦੇਣਾ**

*18. **ਸ਼੍ਰੀ ਬੁੱਧ ਰਾਮ, ਐਮ.ਐਲ.ਏ.**:- ਕੀ ਸਮਾਜਿਕ ਨਿਆਂ, ਅਧਿਕਾਰਿਤਾ ਅਤੇ ਘੱਟ ਗਿਣਤੀ ਮੰਤਰੀ ਕਿਰਪਾ ਕਰਕੇ ਦੱਸਣਗੇ:-

ੳ) ਕੀ ਇਹ ਠੀਕ ਹੈ ਕਿ ਜੇ ਹਰਿਆਣੇ ਦੀ ਜੰਮਪਲ ਪੜ੍ਹੀਲਿਖੀ ਅਨੁਸੂਚਿਤ ਜਾਤੀ ਦੀ ਲੜਕੀ ਪੰਜਾਬ ਦੇ ਅਨੁਸੂਚਿਤ ਜਾਤੀ ਦੇ ਲੜਕੇ ਨਾਲ ਵਿਆਹ ਕਰਵਾ ਲਏ ਤਾਂ ਉਸ ਨੂੰ ਪੰਜਾਬ ਵਿੱਚ ਅਨੁਸੂਚਿਤ ਜਾਤੀ ਦੀਆਂ ਸਹੂਲਤਾਂ ਆਦਿ ਨਹੀਂ ਮਿਲਦੀਆਂ; ਜੇਕਰ ਅਜਿਹਾ ਹੈ ਤਾਂ ਕਿਉਂ ਨਹੀਂ;

ਅ) ਕੀ ਸਰਕਾਰ ਅੱਗੇ ਤੋਂ ਅਜਿਹਾ ਕੋਈ ਕਾਨੂੰਨ ਬਣਾਉਣ ਤੇ ਵਿਚਾਰ ਕਰ ਰਹੀ ਹੈ ਕਿ ਹਰਿਆਣੇ ਦੇ ਐਸ.ਸੀ. ਪਰਿਵਾਰ ਦੀ ਜੰਮਪਲ ਲੜਕੀ ਨੂੰ ਵੀ ਪੰਜਾਬ ਵਿੱਚ ਐਸ.ਸੀ. ਕੈਟਾਗਿਰੀ ਵਾਲੀਆਂ ਸਹੂਲਤਾਂ ਮਿਲ ਸਕਣ?

**ਹਲਕਾ ਖੇਮਕਰਨ ਵਿੱਚ ਊਰਜਾ ਵਿਭਾਗ ਦੇ ਜੇ.ਈ. ਦੀਆਂ ਖਾਲੀ ਅਸਾਮੀਆਂ ਭਰਨਾ**

*13. **ਸਰਦਾਰ ਸਰਵਨ ਸਿੰਘ ਧੁੰਨ, ਐਮ.ਐਲ.ਏ.**:- ਕੀ ਬਿਜਲੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਹਲਕਾ ਖੇਮਕਰਨ ਵਿੱਚ ਊਰਜਾ ਵਿਭਾਗ ਦੇ ਜੇ.ਈ. ਦੀਆਂ ਕਿੰਨੀਆਂ ਮੰਨਜ਼ੂਰਸ਼ੁਦਾ ਅਸਾਮੀਆਂ ਖਾਲੀ ਪਈਆਂ ਹਨ; ਇਨ੍ਹਾਂ ਅਸਾਮੀਆਂ ਨੂੰ ਕਦੋਂ ਤੱਕ ਭਰੇ ਜਾਣ ਦੀ ਸੰਭਾਵਨਾ ਹੈ?

**ਪਿੱਪਲ, ਬਰੋਟੇ, ਪਿਲਕਣ ਅਤੇ ਨਿੰਮ ਦੇ ਦਰੱਖਤਾਂ ਨੂੰ ਕੱਟਣ ਅਤੇ ਪੁੱਟਣ ਤੇ ਪਾਬੰਦੀ ਲਗਾਉਣਾ**

*84. **ਪ੍ਰੋਫੈਸਰ ਜਸਵੰਤ ਸਿੰਘ ਗੱਜਣਮਾਜਰਾ, ਐਮ.ਐਲ.ਏ.**:- ਕੀ ਜੰਗਲਾਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸਰਕਾਰ ਵੱਲੋਂ ਪੰਜਾਬ ਵਿੱਚ ਪਿੱਪਲ, ਬਰੋਟੇ, ਪਿਲਕਣ ਅਤੇ ਨਿੰਮ ਵਰਗੇ ਦਰੱਖਤਾਂ ਨੂੰ ਕੱਟਣ ਅਤੇ ਪੁੱਟਣ ਦੀ ਪਾਬੰਦੀ ਲਾਈ ਜਾਵੇਗੀ; ਜੇਕਰ ਅਜਿਹਾ ਹੋਵੇ ਤਾਂ ਕਦੋਂ ਤੱਕ?

**ਮਹਿੰਦਰਾ ਕਾਲਜ਼ ਪਟਿਆਲਾ ਵੱਲੋਂ ਖੋਲ੍ਹੇ ਜਾ ਰਹੇ ਸਟੱਡੀ ਸੈਂਟਰ ਦੀ ਉਸਾਰੀ**

*28. **ਸਰਦਾਰ ਚੇਤਨ ਸਿੰਘ ਜੌੜਾਮਾਜਰਾ, ਐਮ.ਐਲ.ਏ.**:- ਕੀ ਉਚੇਰੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਸਮਾਣਾ ਹਲਕੇ ਵਿੱਚ ਪੈਂਦੇ ਪਿੰਡ ਭਾਨਰੀ ਵਿਖੇ ਸਰਕਾਰੀ ਮਹਿੰਦਰਾ ਕਾਲਜ, ਪਟਿਆਲਾ ਵੱਲੋਂ ਖੋਲ੍ਹੇ ਜਾ ਰਹੇ ਸਟੱਡੀ ਸੈਂਟਰ ਦੀ ਉਸਾਰੀ ਦਾ ਕੰਮ ਕਦੋਂ ਸ਼ੁਰੂ ਕੀਤਾ ਗਿਆ ਸੀ ਅਤੇ ਇਸ ਵਾਸਤੇ ਕੀ ਪ੍ਰਕਿਰਿਆ ਅਪਣਾਈ ਗਈ ਸੀ;

ਅ) ਉਪਰਕੋਤ ਭਾਗ 'ੳ' ਵਿੱਚ ਦਰਸਾਏ ਅਨੁਸਾਰ ਇਸ ਸਟੱਡੀ ਸੈਂਟਰ ਦੀ ਉਸਾਰੀ ਦਾ ਕੰਮ ਕਦੋਂ ਤੋਂ ਬੰਦ ਪਿਆ ਹੈ ਅਤੇ ਇਸ ਦੀ ਰਹਿੰਦੀ ਉਸਾਰੀ ਕਦੋਂ ਤੱਕ ਮੁਕੰਮਲ ਕੀਤੇ ਜਾਣ ਦੀ ਸੰਭਾਵਨਾ ਹੈ?

**ਪੰਜ ਏਕੜ ਤੱਕ ਮਲਕੀਅਤ ਵਾਲੇ ਕਿਸਾਨਾਂ ਵੱਲੋਂ (ਮਨਰੇਗਾ ਤਹਿਤ) ਆਪਣੇ ਹੀ ਖੇਤ ਵਿੱਚ ਲਾਭ ਲੈਣਾ**

*64. **ਬੀਬਾ ਨਰਿੰਦਰ ਕੌਰ ਭਰਾਜ, ਐਮ.ਐਲ.ਏ.**:- ਕੀ ਪੇਂਡੂ ਵਿਕਾਸ ਤੇ ਪੰਚਾਇਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਪੰਜਾਬ ਸਰਕਾਰ ਦੀ ਮਨਰੇਗਾ ਤਹਿਤ ਕੋਈ ਅਜਿਹੀ ਨੀਤੀ ਹੈ ਜਿਸ ਦੁਆਰਾ ਪੰਜ ਏਕੜ ਤੱਕ ਮਲਕੀਅਤ ਵਾਲੇ ਕਿਸਾਨ ਆਪਣੇ ਹੀ ਖੇਤ ਵਿੱਚ ਕੋਈ ਲਾਭ ਲੈ ਸਕਦਾ ਹੈ; ਜੇਕਰ ਹਾਂ ਤਾਂ ਕਿਸਾਨ ਕਿਸ ਤਰ੍ਹਾਂ ਦੇ ਲਾਭ ਲੈ ਕੇ ਆਪਣੇ ਹੀ ਖੇਤ ਵਿੱਚ ਕੰਮ ਕਰ ਸਕਦਾ ਹੈ ਅਤੇ ਪਿਛਲੇ ਦਸ ਸਾਲ ਤੋਂ ਕਿੰਨੇ ਕਿਸਾਨਾਂ ਨੇ ਲਾਭ ਪ੍ਰਾਪਤ ਕੀਤਾ ਹੈ?

**ਟਰਾਂਸਪੋਰਟ ਪਾਲਿਸੀ ਬਣਾਉਣਾ**

*205. **ਸਰਦਾਰ ਕੁਲਜੀਤ ਸਿੰਘ ਰੰਧਾਵਾ, ਐਮ.ਐਲ.ਏ.**:- ਕੀ ਟਰਾਂਸਪੋਰਟ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਰਾਜ ਸਰਕਾਰ ਦੁਆਰਾ ਕੋਈ ਟਰਾਂਸਪੋਰਟ ਪਾਲਿਸੀ ਬਣਾਈ ਗਈ ਹੈ; ਜੇਕਰ ਹੈ ਤਾਂ ਵੇਰਵੇ ਸਹਿਤ ਦੱਸਿਆ ਜਾਵੇ; ਜੇਕਰ ਨਹੀਂ ਤਾਂ ਇਸ ਸਬੰਧੀ ਪਾਲਿਸੀ ਬਣਾਉਣ ਲਈ ਸਰਕਾਰ ਵਿਚਾਰ ਕਰੇਗੀ ਅਤੇ ਕਦੋਂ ਤੱਕ?

**ਸਰਦੂਲਗੜ੍ਹ ਅਤੇ ਤਲਵੰਡੀ ਸਾਬੋ ਦੀਆਂ ਟੇਲਾਂ ਤੇ ਪਾਣੀ ਪਹੁੰਚਾਉਣਾ**

*15. **ਸਰਦਾਰ ਗੁਰਪ੍ਰੀਤ ਸਿੰਘ ਬਨਾਂਵਾਲੀ, ਐਮ.ਐਲ.ਏ.**:- ਕੀ ਜਲ ਸਰੋਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਇਹ ਠੀਕ ਹੈ ਕਿ ਹਲਕਾ ਸਰਦੂਲਗੜ੍ਹ (ਮਾਨਸਾ) ਦੇ ਟੇਲਾਂ ਤੇ ਪਾਣੀ ਪਹੁੰਚਾਉਣ ਲਈ ਸਰਕਾਰ ਵੱਲੋਂ ਨਿਊ ਢੰਡਾਲ ਬਰਾਂਚ ਦਾ ਪ੍ਰੋਜੈਕਟ ਪਾਸ ਕੀਤਾ ਗਿਆ ਸੀ; ਜਿਸ ਲਈ ਅਜੇ ਤੱਕ ਪੂਰੇ ਫੰਡ ਨਹੀਂ ਆਏ; ਜੇਕਰ ਅਜਿਹਾ ਹੋਵੇ ਤਾਂ ਇਸ ਪ੍ਰੋਜੈਕਟ ਲਈ ਫੰਡ ਕਦੋਂ ਤੱਕ ਮੁਹੱਈਆ ਕਰਵਾ ਦਿੱਤੇ ਜਾਣਗੇ;

ਅ) ਮੂਸਾ ਬਰਾਂਚ, ਉੱਡਤ ਬਰਾਂਚ ਅਤੇ ਜਗਾਂ ਬਰਾਂਚ ਦੀਆਂ ਟੇਲਾਂ ਤੇ ਪਾਣੀ ਪੂਰਾ ਕਰਨ ਲਈ ਕੋਈ ਪ੍ਰੋਜੈਕਟ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਇਹ ਪ੍ਰੋਜੈਕਟ ਕਦੋਂ ਪਾਸ ਹੋਵੇਗਾ ਅਤੇ ਫੰਡ ਮੁਹੱਈਆ ਕਰਵਾਏ ਜਾਣਗੇ ਤਾਂ ਜੋ ਸਰਦੂਲਗੜ੍ਹ ਅਤੇ ਤਲਵੰਡੀ ਸਾਬੋ ਇਲਾਕੇ ਦੀਆਂ ਟੇਲਾਂ ਨੂੰ ਪਾਣੀ ਪੂਰਾ ਮਿਲ ਸਕੇ?

ਪਰਤੋਂ ਜੀ....

**ਕੰਡੀ ਏਰੀਆ ਤਲਵਾੜਾ ਨੂੰ ਟੂਰਿਜ਼ਮ ਪਲੇਸ ਘੋਸ਼ਿਤ ਕਰਨਾ**

*40. **ਸਰਦਾਰ ਕਰਮਬੀਰ ਸਿੰਘ, ਐਮ.ਐਲ.ਏ.:-** ਕੀ ਸੈਰ-ਸਪਾਟਾ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਦਸੂਹਾ ਵਿਧਾਨ ਸਭਾ ਹਲਕਾ ਦੇ ਕੰਡੀ ਏਰੀਆ ਤਲਵਾੜਾ ਨੂੰ ਟੂਰਿਜ਼ਮ ਪਲੇਸ ਘੋਸ਼ਿਤ ਕਰਨਾ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

**ਕੇਂਦਰ ਸਰਕਾਰ ਵੱਲੋਂ ਪਿਛਲੇ ਪੰਜ ਸਾਲਾਂ ਦੌਰਾਨ ਰਾਜ ਨੂੰ ਜਾਰੀ ਕੀਤੀ ਗਈ ਵੈਟ ਦੀ ਰਾਸ਼ੀ ਦੇ ਵੇਰਵੇ**

*118. **ਸਰਦਾਰ ਅਜੀਤ ਪਾਲ ਸਿੰਘ ਕੋਹਲੀ, ਐਮ.ਐਲ.ਏ.:-** ਕੀ ਵਿੱਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੇਂਦਰ ਸਰਕਾਰ ਵੱਲੋਂ ਪਿਛਲੇ ਪੰਜ ਸਾਲਾਂ ਦੌਰਾਨ ਰਾਜ ਨੂੰ ਕਿੰਨੀ ਵੈਟ ਦੀ ਰਾਸ਼ੀ ਜਾਰੀ ਕੀਤੀ ਗਈ ਹੈ ਅਤੇ ਇਹ ਰਾਸ਼ੀ ਕਿੰਨੀ ਦੇਰੀ ਉਪਰੰਤ ਜਾਰੀ ਕੀਤੀ ਗਈ;

ਅ) ਉਕਤ ਰਾਸ਼ੀ ਵਿੱਚ ਹਰ ਸਾਲ ਕਿੰਨਾ ਇਜ਼ਾਫਾ ਹੋਇਆ ਅਤੇ ਇਹ ਰਾਸ਼ੀ ਕਿਹੜੇ-ਕਿਹੜੇ ਕਾਰਜਾਂ ਤੇ ਖਰਚ ਕੀਤੀ ਗਈ;

ੲ) ਵੈਟ ਦੀ ਰਾਸ਼ੀ ਸਮੇਂ ਸਿਰ ਜਾਰੀ ਕਰਵਾਉਣ ਲਈ ਸਰਕਾਰ ਵੱਲੋਂ ਕੀਤੀਆ ਗਈਆ ਕੋਸ਼ਿਸ਼ਾਂ ਦਾ ਵੇਰਵਾ ਦਿੱਤਾ ਜਾਵੇ?

**ਸ਼ਹੀਦ ਕਰਤਾਰ ਸਿੰਘ ਸਰਾਭਾ ਮਾਰਗ ਦੀ ਮੁਰੰਮਤ ਕਰਨਾ**

*4. **ਸਰਦਾਰ ਮਨਪ੍ਰੀਤ ਸਿੰਘ ਇਯਾਲੀ, ਐਮ.ਐਲ.ਏ.:-** ਕੀ ਲੋਕ ਨਿਰਮਾਣ (ਭ ਅਤੇ ਮ) ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਸ਼ਹੀਦ ਕਰਤਾਰ ਸਿੰਘ ਸਰਾਭਾ ਮਾਰਗ (ਪੱਖੋਵਾਲ ਰੋਡ) ਦੀ ਖਸਤਾ ਹਾਲਤ ਦੇ ਮੱਦੇਨਜਰ ਇਸ ਸੜਕ ਦੀ ਮੁਰੰਮਤ ਕਰਨ ਦੀ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ?

**ਸ.ਸੀ.ਸੈ. ਸਕੂਲ ਡੱਲਾ ਜ਼ਿਲ੍ਹਾ ਰੂਪਨਗਰ ਅਤੇ ਜ਼ਿਲ੍ਹਾ ਰੂਪਨਗਰ ਵਿੱਚ ਪੈਂਦੇ ਸਕੂਲਾਂ ਵਿੱਚ ਅਧਿਆਪਕਾਂ ਦੀਆਂ ਖਾਲੀ ਅਸਾਮੀਆਂ ਭਰਨਾ**

*46. **ਡਾਕਟਰ ਚਰਨਜੀਤ ਸਿੰਘ, ਐਮ.ਐਲ.ਏ.:-** ਕੀ ਸਿੱਖਿਆ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਇਹ ਠੀਕ ਹੈ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਡੱਲਾ, ਜ਼ਿਲ੍ਹਾ ਰੂਪਨਗਰ ਅਤੇ ਜ਼ਿਲ੍ਹਾ ਰੂਪਨਗਰ ਵਿੱਚ ਪੈਂਦੇ ਹਾਈ ਅਤੇ ਮਿਡਲ ਸਕੂਲਾਂ ਵਿੱਚ ਅਧਿਆਪਕਾਂ ਦੀਆਂ ਕਈ ਅਸਾਮੀਆਂ ਲੰਬੇ ਸਮੇਂ ਤੋਂ ਖਾਲੀ ਪਈਆਂ ਹਨ; ਜੇਕਰ ਹਾਂ ਤਾਂ ਇਹ ਅਸਾਮੀਆਂ ਕਦੋਂ ਤੱਕ ਭਰ ਦਿੱਤੀਆਂ ਜਾਣਗੀਆਂ?

**ਸਰਕਾਰੀ ਮਲਟੀਸਪੈਸ਼ਲਟੀ ਪਸ਼ੂ ਚਿਕਿਤਸਾ ਹਸਪਤਾਲ ਅਤੇ ਖੇਤਰੀ ਖੋਜ਼ ਕੇਂਦਰ ਅਬੋਹਰ ਦੀ ਮੌਜੂਦਾ ਸਥਿਤੀ**

*61. **ਸ਼੍ਰੀ ਸੰਦੀਪ ਜਾਖੜ, ਐਮ.ਐਲ.ਏ.:-** ਕੀ ਪਸ਼ੂ ਪਾਲਣ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਸਰਕਾਰੀ ਮਲਟੀਸਪੈਸ਼ਲਟੀ ਪਸ਼ੂ ਚਿਕਿਤਸਾ ਹਸਪਤਾਲ ਅਤੇ ਖੇਤਰੀ ਖੋਜ਼ ਕੇਂਦਰ, ਅਬੋਹਰ, ਜ਼ਿਲ੍ਹਾ ਫਾਜਿਲਕਾ ਦੀ ਉਸਾਰੀ ਦੀ ਮੌਜੂਦਾ ਸਥਿਤੀ ਕੀ ਹੈ?

**ਪ੍ਰਾਈਵੇਟ ਟਰਾਂਸਪੋਰਟਰਾਂ ਤੋਂ ਬਕਾਇਆ ਟੈਕਸ ਵਸੂਲਣ ਦੇ ਵੇਰਵੇ**

*94. **ਸਰਦਾਰ ਪ੍ਰਤਾਪ ਸਿੰਘ ਬਾਜਵਾ, ਐਮ.ਐਲ.ਏ.:-** ਕੀ ਟਰਾਂਸਪੋਰਟ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਮਿਤੀ 16 ਮਾਰਚ, 2022 ਤੱਕ ਪੰਜਾਬ ਦੇ ਪ੍ਰਾਈਵੇਟ ਟਰਾਂਸਪੋਰਟਰਾਂ ਵੱਲ ਪੰਜਾਬ ਸਰਕਾਰ ਦਾ ਕਿੰਨਾ ਟੈਕਸ ਬਕਾਇਆ ਸੀ ਅਤੇ ਉਸ ਵਿੱਚੋਂ ਕਿੰਨਾਂ ਹੁਣ ਤੱਕ ਜਮ੍ਹਾਂ ਹੋ ਚੁੱਕਿਆ ਹੈ; ਵੇਰਵੇ ਸਹਿਤ ਦੱਸਿਆ ਜਾਵੇ;

ਅ) ਮੌਜੂਦਾ ਸਮੇਂ ਤੱਕ ਕਿੰਨੀ ਰਾਸ਼ੀ ਬਕਾਇਆ ਰਹਿੰਦੀ ਹੈ ਅਤੇ ਬਕਾਇਆ ਰਾਸ਼ੀ ਵਸੂਲਣ ਸਬੰਧੀ ਸਰਕਾਰ ਵੱਲੋਂ ਕੀ ਉਪਰਾਲੇ ਕੀਤੇ ਜਾ ਰਹੇ ਹਨ?

**ਸਬ ਤਹਿਸੀਲ ਅਰਨੀਵਾਲਾ ਦੇ ਵਾਟਰ ਵਰਕਸ ਦੀ ਉਸਾਰੀ ਤੇ ਆਏ ਖਰਚੇ ਦੇ ਵੇਰਵੇ**

*78. **ਸ਼੍ਰੀ ਜਗਦੀਪ ਕੰਬੋਜ਼ ਗੋਲਡੀ, ਐਮ.ਐਲ.ਏ.:-** ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਸਬ-ਤਹਿਸੀਲ ਅਰਨੀਵਾਲਾ ਵਿਖੇ ਕੋਈ ਵਾਟਰ ਵਰਕਸ ਉਸਾਰੀ ਅਧੀਨ ਹੈ; ਜੇਕਰ ਹੈ ਤਾਂ ਇਹ ਕਦੋਂ ਤੱਕ ਮੁਕੰਮਲ ਕਰ ਲਿਆ ਜਾਵੇਗਾ;

ਅ) ਇਸ ਵਾਟਰ ਵਰਕਸ ਤੇ ਕੁੱਲ ਕਿੰਨੀ ਰਾਸ਼ੀ ਖਰਚੀ ਜਾਵੇਗੀ ਅਤੇ ਹੁਣ ਤੱਕ ਕਿੰਨੀ ਰਕਮ ਖਰਚ ਕੀਤੀ ਗਈ ਹੈ, ਇਸ ਦੇ ਵੇਰਵੇ ਦਿੱਤੇ ਜਾਣ?

**16 ਮਾਰਚ 2022 ਤੋਂ ਹੁਣ ਤੱਕ ਰੇਤਾ ਅਤੇ ਬਜਰੀ ਤੋਂ ਇੱਕਠੀ ਕੀਤੀ ਰਕਮ ਦੇ ਵੇਰਵੇ**

*52. **ਸਰਦਾਰ ਸੁਖਬਿੰਦਰ ਸਿੰਘ ਸਰਕਾਰੀਆ, ਐਮ.ਐਲ.ਏ.:-** ਕੀ ਮਾਈਨਜ਼ ਐਂਡ ਜਿਓਲੋਜੀ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਇਸ ਵੇਲੇ ਬਾਜ਼ਾਰ ਵਿੱਚ ਰੇਤ ਅਤੇ ਬਜਰੀ ਦੇ ਰੇਟ ਕੀ ਹਨ;

ਅ) ਮਿਤੀ 16 ਮਾਰਚ, 2022 ਤੋਂ ਲੈ ਕੇ ਹੁਣ ਤੱਕ ਰੇਤ ਅਤੇ ਬਜਰੀ ਤੋਂ ਕਿੰਨੀ ਰਕਮ ਸਰਕਾਰੀ ਖਜ਼ਾਨੇ ਵਿੱਚ ਜਮ੍ਹਾਂ ਹੋ ਚੁੱਕੀ ਹੈ, ਜ਼ਿਲ੍ਹਾਵਾਰ ਪ੍ਰਾਪਤ ਰਕਮਾਂ ਦੇ ਵੇਰਵੇ ਕੀ ਹਨ;

ੲ) ਨਜਾਇਜ ਮਾਈਨਿੰਗ ਕਰਨ ਵਾਲਿਆ ਵਿਰੁੱਧ ਮਿਤੀ 16 ਮਾਰਚ, 2022 ਤੋਂ ਲੈ ਕੇ ਹੁਣ ਤੱਕ ਕਿੰਨੇ ਕੇਸ ਦਰਜ ਹੋ ਚੁੱਕੇ ਹਨ, ਇਨ੍ਹਾਂ ਦੇ ਜ਼ਿਲ੍ਹਾਵਾਰ ਵੇਰਵੇ ਕੀ ਹਨ?

**ਸਰਕਟ ਹਾਉਸ ਅੰਮ੍ਰਿਤਸਰ ਨੂੰ ਕਿਸੇ ਕੰਪਨੀ ਨੂੰ ਦੇਣ ਦੇ ਵੇਰਵੇ**

*112. **ਕੁੰਵਰ ਵਿਜੈ ਪ੍ਰਤਾਪ ਸਿੰਘ, ਐਮ.ਐਲ.ਏ.:-** ਕੀ ਵਿੱਤ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ:-

ੳ) ਕੀ ਸਰਕਟ ਹਾਊਸ, ਅੰਮ੍ਰਿਤਸਰ ਕਿਸੇ ਪ੍ਰਾਈਵੇਟ ਕੰਪਨੀ ਨੂੰ ਦੇ ਦਿੱਤਾ ਗਿਆ ਹੈ; ਜੇਕਰ ਹਾਂ ਤਾਂ ਕੀ ਉਸ ਨੂੰ ਟੇਕ ਓਵਰ ਕਰਨ ਵਾਲੀ ਕੰਪਨੀ ਦਾ ਕਿਸੇ ਰਾਜਨੀਤਕ ਪਰਿਵਾਰ ਨਾਲ ਸਬੰਧ ਹੈ;

ਅ) ਕੀ ਉਕਤ ਕੰਪਨੀ ਨੂੰ ਹੈਂਡ ਓਵਰ ਕਰਨ ਲਈ ਕਿਸੇ ਨਿਯਮ ਨੂੰ ਅੱਖੋਂ-ਪਰੋਖੇ ਕੀਤਾ ਗਿਆ ਹੈ; ਜੇਕਰ ਹਾਂ ਤਾਂ ਕੀ ਸਬੰਧਤ ਅਧਿਕਾਰੀਆਂ ਦੇ ਖਿਲਾਫ ਕੋਈ ਕਾਰਵਾਈ ਕੀਤੀ ਗਈ ਹੈ ਜਾਂ ਕਰਨ ਦੀ ਤਜਵੀਜ਼ ਹੈ;

ੲ) ਕੀ ਮਾਮਲੇ ਤੇ ਮੁੜ ਨਜ਼ਰਸਾਨੀ ਕਰਦੇ ਹੋਏ, ਉਕਤ ਸਮਝੌਤਾ ਰੱਦ ਕਰਕੇ ਸਰਕਟ ਹਾਊਸ, ਅੰਮ੍ਰਿਤਸਰ ਨੂੰ ਸਰਕਾਰੀ ਕੰਟਰੋਲ ਅਧੀਨ ਲੈਣ ਦੀ ਕੋਈ ਤਜਵੀਜ਼ ਹੈ;

ਸ) ਸਬੰਧਤ ਪਾਰਟੀਆਂ ਵਿੱਚ ਹੋਏ ਐਗਰੀਮੈਂਟ ਦੇ ਵੇਰਵੇ ਦੱਸੇ ਜਾਣ?

**ਬਨੂੜ ਸ਼ਹਿਰ ਨੂੰ ਸਬ-ਡਵੀਜ਼ਨ ਬਣਾਉਣਾ**

*209. **ਸ਼੍ਰੀਮਤੀ ਨੀਨਾ ਮਿੱਤਲ, ਐਮ.ਐਲ.ਏ.:-** ਕੀ ਮਾਲ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਬਨੂੜ ਸ਼ਹਿਰ ਨੂੰ ਸਬ-ਡਵੀਜ਼ਨ ਬਣਾਉਣ ਦੀ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਇਹ ਕਦੋਂ ਤੱਕ ਬਣ ਜਾਵੇਗੀ?

**ਹਲਕਾ ਸ਼ੁਤਰਾਣਾ ਵਿਖੇ ਬਹੁ-ਤਕਨੀਕੀ ਉੱਚ ਸਿੱਖਿਆ ਕਾਲਜ਼ ਖੋਲ੍ਹਣਾ**

*103. **ਸਰਦਾਰ ਕੁਲਵੰਤ ਸਿੰਘ ਬਾਜੀਗਰ, ਐਮ.ਐਲ.ਏ.:-** ਕੀ ਮੁੱਖ ਮੰਤਰੀ ਕਿਰਪਾ ਕਰਕੇ ਦੱਸਣਗੇ ਕਿ ਕੀ ਹਲਕਾ ਸ਼ੁਤਰਾਣਾ ਵਿੱਚ ਇੱਕ ਬਹੁ-ਤਕਨੀਕੀ ਉੱਚ ਸਿੱਖਿਆ ਕਾਲਜ ਖੋਲ੍ਹਣ ਦੀ ਯੋਜਨਾ ਸਰਕਾਰ ਦੇ ਵਿਚਾਰ ਅਧੀਨ ਹੈ; ਜੇਕਰ ਹੈ ਤਾਂ ਕਦੋਂ ਤੱਕ ਖੋਲ ਦਿੱਤਾ ਜਾਵੇਗਾ?

ਚੰਡੀਗੜ੍ਹ
ਮਿਤੀ 21 ਜੂਨ, 2022

ਨੋਟ 22/6/2022
Superintendent
Punjab Vidhan Sabha
Chandigarh

ਸੁਰਿੰਦਰ ਪਾਲ,
ਸਕੱਤਰ,
ਪੰਜਾਬ ਵਿਧਾਨ ਸਭਾ।